ਮਾਰੂ ਮਹਲਾ ੫ ॥ ਅੰਤਰਜਾਮੀ ਸਭ ਬਿਧਿ ਜਾਨੈ ਤਿਸ ਤੇ ਕਹਾ ਦੁਲਾਰਿਓ ॥ ਹਸਤ ਪਾਵ ਝਰੇ ਖਿਨ ਭੀਤਰਿ ਅਗਨਿ ਸੰਗਿ ਲੈ ਜਾਰਿਓ ॥੧॥ ਮੂੜੇ ਤੈ ਮਨ ਤੇ ਰਾਮੁ ਬਿਸਾਰਿਓ ॥ ਲੂਣੁ ਖਾਇ ਕਰਹਿ ਹਰਾਮਖੋਰੀ ਪੇਖਤ ਨੈਨ ਬਿਦਾਰਿਓ ॥੧॥ ਰਹਾਉ ॥ ਅਸਾਧ ਰੋਗੁ ਉਪਜਿਓ ਤਨ ਭੀਤਰਿ ਟਰਤ ਨ ਕਾਹੂ ਟਾਰਿਓ ॥ ਪ੍ਰਭ ਬਿਸਰਤ ਮਹਾ ਦੁਖੁ ਪਾਇਓ ਇਹੁ ਨਾਨਕ ਤਤੁ ਬੀਚਾਰਿਓ ॥ ੨॥੮॥ {ਪੰਨਾ 1000-1001}

ਪਦਅਰਥ:- ਅੰਤਰਜਾਮੀ—ਦਿਲਾਂ ਦੇ ਅੰਦਰ ਦੀ ਜਾਣਨ ਵਾਲਾ। ਸਭ ਨਿਧਿ—ਹਰੇਕ ਕਿਸਮ ਦੀ ਗੱਲ। ਤਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ (ਪਰਮਾਤਮਾ) ਤੋਂ। ਕਹਾ ਦੁਲਾਰਿਓ—ਕਹਾ ਦੁਰਾਰਿਓ, ਕਿੱਥੇ ਕੁਝ ਲੁਕਾਇਆ ਜਾ ਸਕਦਾ ਹੈ? ਹਸਤ—ਹੱਥ {ਬਹੁ-ਵਚਨ}। ਪਾਵ—{ਲਫ਼ਜ਼ 'ਪਾਉ' ਤੋਂ ਬਹੁ-ਵਚਨ} ਪੈਰ। ਝਰੇ—ਝੜ ਜਾਂਦੇ ਹਨ, ਸੜ ਜਾਂਦੇ ਹਨ। ਅਗਨਿ ਸੰਗਿ—ਅੱਗ ਨਾਲ, ਅੱਗ ਵਿਚ। ਜਾਰਿਓ—ਸਾੜਿਆ ਜਾਂਦਾ ਹੈ।1।

ਮੂੜੇ—ਹੇ ਮੂਰਖ! ਤੈ—ਤੂੰ। ਮਨ ਤੇ—ਮਨ ਤੋਂ। ਬਿਸਾਰਿਓ—ਭੁਲਾ ਦਿੱਤਾ ਹੈ। ਖਾਇ—ਖਾ ਕੇ। ਕਰਹਿ—ਤੂੰ ਕਰਦਾ ਹੈਂ। ਹਰਾਮਖੋਰੀ—ਹਰਾਮ ਦਾ ਮਾਲ ਖਾਣ ਦੀ ਕਰਤੂਤ। ਨੈਨ ਬਿਦਾਰਿਓ—ਨੈਨ ਬਿਦਾਰਿ, ਅੱਖਾਂ ਪਾੜ ਪਾੜ ਕੇ, ਬਦੀਦਾਂ ਵਾਂਗ, ਸ਼ਰਮ-ਹਯਾ ਲਾਹ ਕੇ। ਪੇਖਤ—ਵੇਖਦਾ।1। ਰਹਾਉ।

ਅਸਾਧ ਰੋਗੁ—ਉਹ ਰੋਗ ਜਿਸ ਦਾ ਇਲਾਜ ਨਾਹ ਹੋ ਸਕੇ। ਤਨ ਭੀਤਰਿ—ਸਰੀਰ ਵਿਚ। ਟਰਤ ਨ—ਨਹੀਂ ਟਲਦਾ, ਦੂਰ ਨਹੀਂ ਹੁੰਦਾ। ਕਾਹੂ—ਹੋਰ ਕਿਸੇ ਤਰ੍ਹਾਂ ਭੀ। ਟਾਰਿਓ—ਟਾਲਿਆਂ, ਦੂਰ ਕੀਤਿਆਂ। ਨਾਨਕ—ਹੇ ਨਾਨਕ!।2।

ਅਰਥ:- ਹੇ ਮੂਰਖ! ਤੂੰ ਪਰਮਾਤਮਾ ਨੂੰ ਆਪਣੇ ਮਨ ਤੋਂ ਭੁਲਾ ਦਿੱਤਾ ਹੈ। ਪਰਮਾਤਮਾ ਦਾ ਸਭ ਕੁਝ ਦਿੱਤਾ ਖਾ ਕੇ ਬੜੀ ਬੇ-ਸ਼ਰਮੀ ਨਾਲ ਤੂੰ ਹਰਾਮਖੋਰੀ ਕਰ ਰਿਹਾ ਹੈਂ।1। ਰਹਾਉ।

(ਹੇ ਮੂਰਖ! ਜਿਸ ਸਰੀਰ ਦੀ ਖ਼ਾਤਰ ਤੂੰ ਹਰਾਮਖ਼ੋਰੀ ਕਰਦਾ ਹੈਂ, ਉਹ ਸਰੀਰ ਅੰਤ ਵੇਲੇ) ਅੱਗ ਵਿਚ ਪਾ ਕੇ ਸਾੜਿਆ ਜਾਂਦਾ ਹੈ, (ਉਸ ਦੇ) ਹੱਥ ਪੈਰ (ਆਦਿਕ ਅੰਗ) ਇਕ ਖਿਨ ਵਿਚ ਸੜ ਕੇ ਸੁਆਹ ਹੋ ਜਾਂਦੇ ਹਨ। ਹੇ ਮੂਰਖ! ਸਭ ਦੇ ਦਿਲਾਂ ਦੀ ਜਾਣਨ ਵਾਲਾ ਪਰਮਾਤਮਾ (ਮਨੁੱਖ ਦਾ) ਹਰੇਕ ਕਿਸਮ (ਦਾ ਅੰਦਰਲਾ ਭੇਤ) ਜਾਣਦਾ ਹੈ। ਉਸ ਪਾਸੋਂ ਕਿੱਥੇ ਕੁਝ ਲੁਕਾਇਆ ਜਾ ਸਕਦਾ ਹੈ?।1।

ਹੇ ਮੂਰਖ! (ਜਦੋਂ ਹਰਾਮਖ਼ੋਰੀ ਦਾ ਇਹ) ਅਸਾਧ ਰੋਗ ਸਰੀਰ ਵਿਚ ਪੈਦਾ ਹੁੰਦਾ ਹੈ, ਕਿਸੇ ਭੀ ਹੋਰ ਤਰੀਕੇ ਨਾਲ ਦੂਰ ਕੀਤਿਆਂ ਇਹ ਦੂਰ ਨਹੀਂ ਹੁੰਦਾ। ਹੇ ਨਾਨਕ! (ਆਖ—) ਸੰਤ ਜਨਾਂ ਨੇ ਇਹ ਭੇਤ ਸਮਝਿਆ ਹੈ ਕਿ ਪਰਮਾਤਮਾ ਨੂੰ ਭੁਲਾ ਕੇ ਮਨੁੱਖ ਬੜਾ ਦੁੱਖ ਸਹਾਰਦਾ ਹੈ।2।8।